# ਦਫਤਰ ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ, ਲੋਕ ਨਿਰਮਾਣ ਵਿਭਾਗ, ਭਵਨ ਤੇ ਮਾਰਗ ਸ਼ਾਖਾ, ਗੁਰਦਾਸਪੁਰ।

ਈਮੇਲ:eepdgdspwdpb@gmail.com

ਵੱਲ

ਜ਼ਿਲ੍ਹਾ ਸਿੱਖਿਆ ਅਫਸਰ,
ਗੁਰਦਾਸਪੁਰ।

ਨੰਬਰ 1952 / ਮਿਤੀ 20-5-26

ਵਿਸ਼ਾ:- ਬਿਲਡਿੰਗ ਸੇਫਟੀ ਸਰਟੀਫਿਕੇਟ ਆਫ ਗੁਰੂ ਹਰ ਰਾਇ ਪਬਲਿਕ ਸਕੂਲ, ਕਿਲਾ ਲਾਲ ਸਿੰਘ ਜ਼ਿਲ੍ਹਾ ਗੁਰਦਾਸਪੁਰ (ਸਾਲ 2026-27) ਜਾਰੀ ਕਰਨ ਬਾਰੇ।

ਹਵਾਲਾ:- ਆਪ ਜੀ ਦਾ ਪੱਤਰ ਨੰ: ਜੀ-3/2026/ 9259 ਮਿਤੀ: 06.04.2026

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਆਪ ਜੀ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ ਨੰ:2, ਗੁਰਦਾਸਪੁਰ ਵਲੋਂ ਪੱਤਰ ਨੰ: 110 ਮਿਤੀ: 18.05.2026 ਰਾਹੀਂ ਰਿਪੋਰਟ ਕੀਤੀ ਹੈ ਕਿ <u>ਗੁਰੂ ਹਰ ਰਾਇ ਪਬਲਿਕ ਸਕੂਲ, ਕਿਲਾ ਲਾਲ ਸਿੰਘ ਜ਼ਿਲ੍ਹਾ ਗੁਰਦਾਸਪੁਰ</u> ਦੀ ਇਮਾਰਤ ਦਾ ਨਿਰੀਖਣ ਕੀਤਾ ਗਿਆ ਹੈ ਅਤੇ ਇਹ ਇਮਾਰਤ ਮਿਤੀ: 31.03.2027 ਤੱਕ ਆਮ ਇਸਤੇਮਾਲ ਲਈ ਸੁਰੱਖਿਅਤ ਪਾਈ ਗਈ ਹੈ।

<u>ਨੋਟ:-</u>

1) ਸਕੂਲ ਦਾ ਫਾਇਰ ਸੁਰੱਖਿਆ ਸਬੰਧੀ ਸਰਟੀਫਿਕੇਟ ਦੀ ਮਿਤੀ: 09/04/2026 ਨੂੰ ਮਿਆਦ ਖਤਮ ਹੋ ਚੁੱਕੀ ਹੈ। ਇਸ ਲਈ ਸਕੂਲ ਅਥਾਰਟੀ/ਮੈਨੇਜਮੈਂਟ ਫਾਇਰ ਸੁਰੱਖਿਆ ਸਬੰਧੀ ਸਰਟੀਫਿਕੇਟ ਨੂੰ ਰੀਨਿਊ ਕਰਵਾ ਕੇ ਇਸ ਦਫਤਰ ਵਿੱਚ ਜਮ੍ਹਾ ਕਰਵਾਉਣ ਦੀ ਪਾਬੰਦ ਹੋਵੇਗੀ। ਜੇਕਰ ਸਕੂਲ ਵੱਲੋਂ ਸਰਟੀਫਿਕੇਟ ਰੀਨਿਊ ਨਹੀਂ ਕਰਵਾਇਆ ਜਾਂਦਾ ਹੈ ਤਾਂ ਫਾਇਰ ਸੁਰੱਖਿਆ ਸਬੰਧੀ ਜਿੰਮੇਵਾਰੀ ਸਕੂਲ ਅਥਾਰਟੀ/ਮੈਨੇਜਮੈਂਟ ਦੀ ਹੋਵੇਗੀ।

2) ਕੁਦਰਤੀ ਆਫਤ ਕਰਕੇ ਜਾਂ ਕਿਸੇ ਵੀ ਹੋਰ ਕਾਰਨ ਸਕੂਲ ਦੀ ਇਸ ਇਮਾਰਤ ਦੀਆਂ ਦੀਵਾਰਾਂ/ਸਲੈਬ ਆਦਿ ਵਿੱਚ ਕੋਈ ਕਰੈਕ/ਸੈਟਲਮੈਂਟ ਜਾਂ ਪਲਸਤਰ ਆਦਿ ਵਿੱਚ ਕਿਤੇ ਕੋਈ ਵੀ ਨੁਕਸ ਉਨ੍ਹਾਂ ਦੇ ਧਿਆਨ ਵਿੱਚ ਆਉਂਦਾ ਹੈ ਤਾਂ ਉਹ ਸਕੂਲ ਦੇ ਉਸ ਹਿੱਸੇ ਦੀ ਵਰਤੋਂ ਨਹੀਂ ਕਰਨਗੇ ਅਤੇ ਤੁਰੰਤ ਸਕੂਲ ਦੀ ਇਮਾਰਤ ਦਾ ਮੁੜ ਨਰੀਖਣ ਕਰਾਉਣ ਦੇ ਪਾਬੰਦ ਹੋਣਗੇ। ਇਸ ਤਰ੍ਹਾਂ ਨਾ ਕਰਨ ਤੇ ਜੇਕਰ ਕੋਈ ਅਣ-ਸੁਖਾਵੀ ਘਟਨਾ ਵਾਪਰਦੀ ਹੈ ਤਾਂ ਸਕੂਲ ਅਥਾਰਟੀ/ਮੈਨੇਜਮੈਂਟ ਉਸ ਲਈ ਜਿੰਮੇਵਾਰ ਹੋਣਗੇ।

3) ਜੇਕਰ ਇਸ ਸਮੇਂ ਦੌਰਾਨ ਸਕੂਲ ਦੀ ਬਿਲਡਿੰਗ ਵਿੱਚ ਵਾਧਾ ਜਾਂ ਨਵੀਂ ਮੰਜਿਲ ਦੀ ਉਸਾਰੀ ਕੀਤੀ ਜਾਂਦੀ ਹੈ ਤਾਂ ਉਸ ਸਬੰਧੀ ਸਕੂਲ ਅਥਾਰਟੀ/ਮੈਨੇਜਮੈਂਟ ਇਸ ਵਿਭਾਗ ਨੂੰ ਜਾਣੂੰ ਕਰਵਾਉਣ ਦੀ ਪਾਬੰਦ ਹੋਵੇਗੀ। ਇਸ ਤਰ੍ਹਾਂ ਨਾ ਕਰਨ ਤੇ ਜੇਕਰ ਕੋਈ ਅਣ-ਸੁਖਾਵੀ ਘਟਨਾ ਵਾਪਰਦੀ ਹੈ ਤਾਂ ਸਕੂਲ ਅਥਾਰਟੀ/ਮੈਨੇਜਮੈਂਟ ਉਸ ਲਈ ਜਿੰਮੇਵਾਰ ਹੋਵੇਗੀ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਲੋ:ਨਿ:ਵਿ:ਭ:ਤੇਮ ਸ਼ਾਖਾ,
ਗੁਰਦਾਸਪੁਰ।

ਪਿੱਠ ਅੰਕਣ ਨੰ:__________/ ਮਿਤੀ __________

ਉਪਰੋਕਤ ਦਾ ਉਤਾਰਾ ਪ੍ਰਿੰਸੀਪਲ, ਗੁਰੂ ਹਰ ਰਾਇ ਪਬਲਿਕ ਸਕੂਲ, ਕਿਲਾ ਲਾਲ ਸਿੰਘ ਜ਼ਿਲ੍ਹਾ ਗੁਰਦਾਸਪੁਰ ਨੂੰ ਸੂਚਨਾਂ ਹਿੱਤ ਭੇਜ ਕੇ ਲਿਖਿਆ ਜਾਂਦਾ ਹੈ ਕਿ ਫਾਇਰ ਸੁਰੱਖਿਆ ਸਬੰਧੀ ਸਰਟੀਫਿਕੇਟ ਰੀਨਿਊ ਕਰਵਾ ਕੇ ਇਸ ਦਫਤਰ ਵਿੱਚ ਜਮ੍ਹਾ ਕਰਵਾਉਣਾ ਯਕੀਨੀ ਬਣਾਇਆ ਜਾਵੇ, ਰੀਨਿਊ ਨਾ ਕਰਵਾਉਣ ਦੀ ਸੂਰਤ ਵਿੱਚ ਜਿੰਮੇਵਾਰੀ ਆਪ ਦੀ ਹੋਵੇਗੀ।

ਨੱਥੀ/ਸਰਟੀਫਿਕੇਟ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਲੋ:ਨਿ:ਵਿ:ਭ:ਤੇਮ ਸ਼ਾਖਾ,
ਗੁਰਦਾਸਪੁਰ।